# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ,ਪੰਜਾਬ
# ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)

**ਐਸ.ਸੀ.ਓ.ਨੰ:104-106, ਦੂਜੀ ਅਤੇ ਤੀਜੀ ਮੰਜ਼ਿਲ ਸੈਕਟਰ 34-ਏ ਚੰਡੀਗੜ੍ਹ।**

ਵੱਲ

1. ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)
2. ਰਾਜ ਦੇ ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ
3. ਰਾਜ ਦੇ ਸਮੂਹ ਸਕੂਲ ਮੁੱਖੀ ( ਵੈੱਬ-ਸਾਈਟ ਰਾਹੀਂ)

ਮੀਮੋ ਨੰ:ਸਸਅ/ਐਮਸੀ/2010/55077-55121
ਮਿਤੀ,ਚੰਡੀਗੜ੍ਹ 27-08-2010

**ਵਿਸ਼ਾ :- ਮਹੀਨਾਵਾਰ ਸਿਲੇਬਸ ਦੀ ਹਾਰਡ ਕਾਪੀ ਬਾਰੇ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਜਿਵੇਂ ਕਿ ਆਪ ਜੀ ਨੂੰ ਪਤਾ ਹੀ ਹੈ ਕਿ ਹੈੱਡ ਆਫ਼ਿਸ ਵੱਲੋਂ ਕੀਤੀ ਛੇਵੀਂ ਤੋਂ ਦਸਵੀਂ ਤੱਕ ਛੇ ਵਿਸ਼ਿਆਂ (ਗਣਿਤ, ਸਾਇੰਸ, ਸਮਾਜਿਕ ਸਿੱਖਿਆ, ਅੰਗਰੇਜ਼ੀ, ਹਿੰਦੀ ਅਤੇ ਪੰਜਾਬੀ) ਦੇ ਸਿਲੇਬਸ ਦੀ ਵੰਡ ਐਸ.ਐਸ.ਏ.ਦੀ ਵੈੱਬ-ਸਾਈਟ ਤੇ ਪਾਈ ਹੋਈ ਹੈ। ਪਰ ਅਧਿਆਪਕਾਂ ਦੀ ਸਹੂਲਤ ਵਾਸਤੇ ਇਸ ਦੀ ਹਾਰਡ ਕਾਪੀਆਂ ਵੀ ਤਿਆਰ ਕੀਤੀਆਂ ਗਈਆਂ ਹਨ ਜੋ ਕਿ ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ.) ਦੇ ਦਫ਼ਤਰ ਵਿੱਚ ਪਹੁੰਚ ਚੁੱਕੀਆਂ ਹਨ ਜਿਸ ਦੀ ਇੱਕ ਕਾਪੀ ਪ੍ਰਤੀ ਅੱਪਰ ਪ੍ਰਾਇਮਰੀ ਸਕੂਲ ਦਿੱਤੀ ਜਾਣੀ ਹੈ।

3.0 ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.) ਨੂੰ ਲਿਖਿਆ ਜਾਂਦਾ ਹੈ ਕਿ ਸਕੂਲ ਮੁਖੀਆਂ ਨੂੰ ਹਦਾਇਤ ਕਰਨ ਕਿ ਮਹੀਨਾਵਾਰ ਸਿਲੇਬਸ ਦੀ ਪੁਸਤਿਕਾ ਪ੍ਰਾਪਤ ਨਾ ਹੋਣ ਦੀ ਸੂਰਤ ਵਿੱਚ ਆਪਣੇ ਸਬੰਧਤ ਬੀ.ਆਰ.ਪੀ.ਨਾਲ ਸੰਪਰਕ ਕੀਤਾ ਜਾਵੇ ਅਤੇ ਪ੍ਰਾਪਤ ਕਾਪੀ ਦੀ ਸਟਾਕ ਐਂਟਰੀ ਕੀਤੀ ਜਾਵੇ ਅਤੇ ਇਸ ਨੂੰ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਸਹੂਲਤ ਲਈ ਲਾਇਬ੍ਰੇਰੀ ਵਿੱਚ ਰੱਖਿਆ ਜਾਵੇ।

4.0 ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ.) ਨੂੰ ਲਿਖਿਆ ਜਾਂਦਾ ਹੈ ਕਿ ਉਪਰੋਕਤ ਮਹੀਨਾਵਾਰ ਸਿਲੇਬਸ ਦੀਆਂ ਕਾਪੀਆਂ ਸਾਰੇ ਅੱਪਰ ਪ੍ਰਾਇਮਰੀ ਸਕੂਲਾਂ ਵਿੱਚ ਪਹੁੰਚਾਉਣ ਦੀ ਜ਼ਿੰਮੇਵਾਰੀ ਸਬੰਧਤ ਬੀ.ਆਰ.ਪੀ.ਦੀ ਹੋਵੇਗੀ।

5.0 ਉਪਰੋਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ,ਚੰਡੀਗੜ੍ਹ**